# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 29-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼, ਸਿਹਤ ਤੋਂ ਲੈ ਕੇ ਸਮਾਜਿਕ ਸੁਰੱਖਿਆ ਤੱਕ ਹਰ ਖੇਤਰ ਵਿੱਚ ਤੇਜ਼ੀ ਨਾਲ ਤਰੱਕੀ ਕਰ ਰਿਹਾ ਏ। ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼ ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ, ਸ਼੍ਰੀ ਮੋਦੀ ਨੇ ਅੰਤਰ-ਰਾਸ਼ਟਰੀ ਕਿਰਤ ਸੰਗਠਨ ਦੀ ਰਿਪੋਰਟ ਦਾ ਹਵਾਲਾ ਦਿੰਦਿਆਂ ਕਿਹਾ।**BYTE:**

ਉਨ੍ਹਾਂ ਨੇ ਵਿਸ਼ਵ ਸਿਹਤ ਸੰਗਠਨ ਦੀ ਰਿਪੋਰਟ ਦਾ ਵੀ ਹਵਾਲਾ ਦਿੱਤਾ ਜਿਸ ਵਿੱਚ ਭਾਰਤ ਨੂੰ ਅੱਖਾਂ ਦੀ ਬਿਮਾਰੀ ਟ੍ਰੈਕੋਮਾ ਤੋਂ ਮੁਕਤ ਐਲਾਨ ਕੀਤਾ ਗਿਆ ਏ। ਸ਼੍ਰੀ ਮੋਦੀ ਨੇ ਕਿਹਾ ਕਿ ਸਵੱਛ ਭਾਰਤ ਅਭਿਆਨ ਅਤੇ ਜਲ ਜੀਵਨ ਮਿਸ਼ਨ ਨੇ ਵੀ ਇਸ ਵਿੱਚ ਬਹੁਤ ਮਦਦ ਕੀਤੀ ਏ। ਐਮਰਜੈਂਸੀ ਦਾ ਹਵਾਲਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਵੱਡੇ ਤੋਂ ਵੱਡੇ ਸੰਕਟ ਨਾਲ ਵੀ ਜਨਤਕ ਭਾਗੀਦਾਰੀ ਰਾਹੀਂ ਨਜਿੱਠਿਆ ਜਾ ਸਕਦਾ ਏ। ਬੀਤੀ 21 ਜੂਨ ਨੂੰ ਮਨਾਏ ਗਏ ਅੰਤਰਰਾਸ਼ਟਰੀ ਯੋਗ ਦਿਵਸ ਬਾਰੇ, ਸ਼੍ਰੀ ਮੋਦੀ ਨੇ ਕਿਹਾ ਕਿ ਦੁਨੀਆ ਭਰ ਦੇ ਕਰੋੜਾਂ ਲੋਕਾਂ ਨੇ

ਇਸ ਵਿੱਚ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਲੋਕ ਆਪਣੇ ਰੋਜ਼ਾਨਾ ਜੀਵਨ ਵਿੱਚ ਯੋਗ ਨੂੰ ਅਪਣਾ ਰਹੇ ਨੇ । ਸ਼੍ਰੀ ਮੋਦੀ ਨੇ ਕੈਲਾਸ਼ ਮਾਨਸਰੋਵਰ ਯਾਤਰਾ, ਅਮਰਨਾਥ ਯਾਤਰਾ ਅਤੇ ਜਗਨਨਾਥ ਰੱਥ ਯਾਤਰਾ ਬਾਰੇ ਵੀ ਚਰਚਾ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਔਰਤਾਂ ਦੀ ਅਗਵਾਈ ਵਿੱਚ, ਵਿਕਾਸ ਦਾ ਮੰਤਰ ਭਾਰਤ ਵਾਸਤੇ ਇੱਕ ਨਵਾਂ ਭਵਿੱਖ ਬਣਾਉਣ ਲਈ ਤਿਆਰ ਏ । ਦੇਸ਼ ਦੀਆਂ ਔਰਤਾਂ ਨਾ ਸਿਰਫ਼ ਆਪਣੇ ਆਪ ਨੂੰ ਸਗੋਂ ਪੂਰੇ ਸਮਾਜ ਨੂੰ ਇੱਕ ਨਵੀਂ ਦਿਸ਼ਾ ਦੇ ਰਹੀਆਂ ਨੇ । ਸ਼੍ਰੀ ਮੋਦੀ ਨੇ ਕਿਹਾ ਕਿ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਦੇਸ਼ ਵਿੱਚ ਕਰੋੜਾਂ ਬੂਟੇ ਲਗਾਏ ਗਏ ਨੇ । ਉਨ੍ਹਾਂ ਲੋਕਾਂ ਨੂੰ ਆਪਣੇ ਪਿੰਡ ਜਾਂ ਸ਼ਹਿਰ ਵਿੱਚ ਚਲਾਈਆਂ ਜਾ ਰਹੀ ਅਜਿਹੀ  ਮੁਹਿੰਮਾਂ ਵਿੱਚ ਲਾਜ਼ਮੀ ਤੌਰ 'ਤੇ ਹਿੱਸਾ ਲੈਣ ਦੀ ਅਪੀਲ ਕੀਤੀ । ਪ੍ਰਧਾਨ ਮੰਤਰੀ ਨੇ ਕਿਹਾ ਕਿ ਜਦੋਂ ਛੋਟੀਆਂ ਆਦਤਾਂ ਸਮੂਹਿਕ ਸੰਕਲਪ ਬਣਦੀਆਂ ਨੇ , ਤਾਂ ਇੱਕ ਵੱਡਾ ਬਦਲਾਅ ਯਕੀਨੀ ਹੁੰਦਾ ਏ ।

------------------------------------------------------------------------

ਪੰਜਾਬ ਸਰਕਾਰ ਨੇ ਡਿਊਟੀ ਵਿੱਚ ਕੁਤਾਹੀ ਅਤੇ ਲਾਪਰਵਾਹੀ ਦੇ ਇਲਜ਼ਾਮ ਹੇਠ ਰਾਜ ਜੇਲ੍ਹ ਵਿਭਾਗ ਦੇ 26 ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਏ। ਇਨ੍ਹਾਂ ਵਿੱਚ ਮਾਨਸਾ, ਲੁਧਿਆਣਾ, ਫਿਰੋਜ਼ਪੁਰ, ਗੋਇੰਦਵਾਲ ਸਾਹਿਬ, ਅੰਮ੍ਰਿਤਸਰ, ਕਪੂਰਥਲਾ,

ਹੁਸ਼ਿਆਰਪੁਰ, ਬਠਿੰਡਾ ਅਤੇ ਪਠਾਨਕੋਟ ਦੀਆਂ ਜੇਲ੍ਹਾਂ ਦੇ ਜੇਲ੍ਹ ਸੁਪਰਡੈਂਟ, ਸਹਾਇਕ ਸੁਪਰਡੈਂਟ ਅਤੇ ਵਾਰਡਰ ਸ਼ਾਮਲ ਨੇ। ਪੰਜਾਬ ਦੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਏ ਕਿ, ਗੈਰ-ਕਾਨੂੰਨੀ ਗਤੀਵਿਧੀਆਂ, ਦੁਰ-ਵਿਵਹਾਰ, ਅਨੁਸ਼ਾਸਨ-ਹੀਣਤਾ, ਡਿਊਟੀ ਤੋਂ ਗੈਰਹਾਜ਼ਰੀ ਅਤੇ ਕੈਦੀਆਂ ਨਾਲ ਸ਼ਮੂਲੀਅਤ ਵਰਗੀਆਂ ਗਤੀਵਿਧੀਆਂ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਸਾਲ ਦੇ ਸ਼ੁਰੂ ਵਿੱਚ ਵੀ, ਸੰਗਰੂਰ, ਅੰਮ੍ਰਿਤਸਰ ਅਤੇ ਹੁਸ਼ਿਆਰਪੁਰ ਦੀਆਂ ਜੇਲ੍ਹਾਂ ਦੇ ਸੀਨੀਅਰ ਅਧਿਕਾਰੀਆਂ ਨੂੰ ਪੈਸੇ ਦੇ ਬਦਲੇ ਕੈਦੀਆਂ ਨੂੰ ਨਸ਼ੀਲੇ ਪਦਾਰਥ ਅਤੇ ਮੋਬਾਈਲ ਫੋਨ ਸਪਲਾਈ ਕਰਨ ਵਿੱਚ ਸ਼ਾਮਲ ਹੋਣ ਦੇ ਇਲਜ਼ਾਮ ਹੇਠ ਗ੍ਰਿਫ਼ਤਾਰ ਕੀਤਾ ਗਿਆ ਸੀ। DESK-PTCs-ਜੋਗਿੰਦਰ ,ਮੀਨੂ, ਰਜਨੀਸ਼ ,ਬਕਸ਼ੀ, ਮੋਂਗਾ, ਸੁਕੇਤ

------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਨਾਲ ਸਬੰਧਤ ਮਾਮਲਿਆਂ ਵਿੱਚ ਸਖ਼ਤ ਸਜ਼ਾ ਨੂੰ ਯਕੀਨੀ ਬਣਾਉਣ ਲਈ ਇੱਕ ਸਖ਼ਤ ਕਾਨੂੰਨ ਲਿਆਏਗੀ। ਕੱਲ ਚੰਡੀਗੜ੍ਹ ਵਿਚ ਸਰਵਧਰਮ ਬੇਅਦਬੀ ਰੋਕਥਾਮ ਕਾਨੂੰਨ ਮੋਰਚੇ ਦੇ ਅਧਿਕਾਰੀਆਂ ਅਤੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ  ਪੰਜਾਬ ਸਮਾਜਵਾਦ,

ਧਰਮ ਨਿਰਪੱਖਤਾ ਅਤੇ ਫਿਰਕੂ ਸਦਭਾਵਨਾ, ਸ਼ਾਂਤੀ ਅਤੇ ਭਾਈਚਾਰੇ ਦਾ ਪ੍ਰਤੀਕ ਏ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦੋਸ਼ੀਆਂ ਨੂੰ ਸਖ਼ਤ ਸਜ਼ਾ ਯਕੀਨੀ ਬਣਾਉਣ ਲਈ ਇਸ ਠੋਸ ਸੂਬਾ ਪੱਧਰੀ ਕਾਨੂੰਨ ਨੂੰ ਤਿਆਰ ਕਰਨ ਲਈ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰੇਗੀ। ਉਨ੍ਹਾਂ ਮੌਜੂਦਾ ਕਾਨੂੰਨੀ ਖਾਮੀਆਂ 'ਤੇ ਚਿੰਤਾ ਪ੍ਰਗਟ ਕੀਤੀ ਜੋ ਅਜਿਹੇ ਨਾ-ਮੁਆਫੀਯੋਗ ਅਪਰਾਧਾਂ ਦੇ ਮੁਲਜ਼ਮਾਂ ਨੂੰ ਖੁੱਲ੍ਹ ਕੇ ਘੁੰਮਣ ਦੀ ਇਜਾਜ਼ਤ ਦਿੰਦੀਆਂ ਨੇ। ਉਨ੍ਹਾਂ ਇਸਨੂੰ ਪੂਰੀ ਤਰ੍ਹਾਂ ਗਲਤ ਅਤੇ ਅਸਵੀਕਾਰਨਯੋਗ ਕਰਾਰ ਦਿੱਤਾ। ਉਨ੍ਹਾਂ ਦੁਹਰਾਇਆ ਕਿ ਸਰਕਾਰ ਬੇਅਦਬੀ ਦੀਆਂ ਘਟਨਾਵਾਂ ਦੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ।

----------------------------------------------------------------------

ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2025-26 ਦੌਰਾਨ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਪੋਸਟ ਮੈਟ੍ਰਿਕ ਵਜੀਫਾ ਯੋਜਨਾ ਤਹਿਤ 245 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਏ। ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਰਕਾਰ ਨੇ ਚਾਲੂ ਵਿੱਤੀ ਸਾਲ ਦੌਰਾਨ ਪੋਸਟ ਮੈਟ੍ਰਿਕ ਵਜੀਫਾ ਯੋਜਨਾ ਤਹਿਤ 2 ਲੱਖ 70 ਹਜ਼ਾਰ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਕਵਰ ਕਰਨ ਦਾ ਟੀਚਾ

ਰੱਖਿਆ ਏ । ਉਨ੍ਹਾਂ ਕਿਹਾ ਕਿ ਯੋਜਨਾ ਤਹਿਤ ਵਿਦਿਆਰਥੀਆਂ ਤੋਂ ਔਨਲਾਈਨ ਅਰਜ਼ੀਆਂ ਪ੍ਰਾਪਤ ਕਰਨ ਲਈ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਜਲਦੀ ਹੀ ਖੋਲ੍ਹਿਆ ਜਾ ਰਿਹਾ ਏ ਅਤੇ ਜ਼ਿਲ੍ਹਾ ਪੱਧਰ 'ਤੇ ਜਾਗਰੂਕਤਾ ਕੈਂਪ ਵੀ ਲਗਾਏ ਜਾਣਗੇ।

------------------------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਲੋਂ ਰਾਜੀਵ ਗਾਂਧੀ ਕਾਲਜ ਭਵਨ ਵਿਖੇ "ਵਾਤਾਵਰਣ ਅਤੇ ਵਿਕਸਿਤ ਭਾਰਤ" ਵਿਸ਼ੇ 'ਤੇ ਇੱਕ ਰੋਜ਼ਾ ਐਨ.ਐਸ.ਐਸ ਵਰਕਸ਼ਾਪ ਕਾਰਵਾਈ ਗਈ । ਇਸ ਵਿੱਚ ਐਨ.ਐਸ.ਐਸ ਪ੍ਰੋਗਰਾਮ ਅਫਸਰ ਅਤੇ ਪੰਜਾਬ ਦੇ ਲੁਧਿਆਣਾ, ਮੁਕੇਰੀਆਂ, ਮਲੋਟ, ਹੁਸ਼ਿਆਰਪੁਰ, ਮੋਗਾ, ਅਬੋਹਰ, ਸ੍ਰੀ ਮੁਕਤਸਰ ਸਾਹਿਬ ਅਤੇ ਚੰਡੀਗੜ੍ਹ ਦੇ 7 ਕਾਲਜਾਂ ਦੇ ਵੱਡੀ ਗਿਣਤੀ ਵਿੱਚ ਐਨ.ਐਸ.ਐਸ ਵਲੰਟੀਅਰ ਸ਼ਾਮਲ ਹੋਏ । ਵਰਕਸ਼ਾਪ ਵਿੱਚ ਰੰਗੋਲੀ, ਪੋਸਟਰ ਮੇਕਿੰਗ, ਬੈਸਟ ਆਊਟ ਆਫ ਵੇਸਟ, ਡੈਕਲੇਮੇਸ਼ਨ, ਅਤੇ ਨੁੱਕੜ ਨਾਟਕ ਵਰਗੇ ਵੱਖ-ਵੱਖ ਮੁਕਾਬਲੇ ਸ਼ਾਮਲ ਸਨ । ਇੱਕ ਸਿਹਤਮੰਦ ਅਤੇ ਬੇਹਤਰ ਜੀਵਨ ਸ਼ੈਲੀ ਦੀ ਮਹੱਤਤਾ ਨੂੰ ਉਜਾਗਰ ਕਰਨ ਲਈ ਇੱਕ ਨਸ਼ਿਆਂ ਖਿਲਾਫ ਜਾਗਰੂਕਤਾ ਰੈਲੀ ਦਾ ਵੀ ਆਯੋਜਨ ਕੀਤਾ ਗਿਆ।

------------------------------------------------------------------------

ਜਲੰਧਰ, ਮੋਹਾਲੀ ਅਤੇ ਫ਼ਤਹਿਗੜ੍ਹ ਸਮੇਤ ਪੰਜਾਬ ਦੇ ਕਈ ਹਿੱਸਿਆਂ ਵਿੱਚ ਰਾਤ ਤੋਂ ਰੁਕ-ਰੁਕ ਕੇ ਬਾਰਿਸ਼ ਹੋਈ । ਤਾਪਮਾਨ 'ਚ ਵੀ ਗਿਰਾਵਟ ਦਰਜ ਕੀਤੀ ਗਈ ਏ, ਜਿਸ ਨਾਲ ਲੋਕਾਂ ਨੂੰ ਗਰਮੀ ਤੋਂ ਰਾਹਤ ਮਿਲੀ ਏ । ਲਗਾਤਾਰ ਮੀਂਹ ਕਾਰਨ ਮੁਹਾਲੀ ਵਿੱਚ ਕਈ ਥਾਈਂ ਪਾਣੀ ਭਰ ਗਿਆ ਅਤੇ ਬਿਜਲੀ ਜਾਣ ਕਰਕੇ ਜਨਜੀਵਨ ਤੇ ਪੀਣ ਵਾਲੇ ਪਾਣੀ ਦੀ ਸਪਲਾਈ ਵੀ ਪ੍ਰਭਾਵਿਤ ਹੋਈ । ਮੌਸਮ ਵਿਭਾਗ ਨੇ ਅਗਲੇ 2 ਤੋਂ 3 ਦਿਨਾਂ ਦੌਰਾਨ ਦੱਖਣ-ਪੱਛਮੀ ਮਾਨਸੂਨ ਦੇ ਹੋਰ ਅੱਗੇ ਵਧਣ ਲਈ ਹਾਲਾਤ ਸੁਖਾਵੇਂ ਹੋਣ ਦੀ ਪੇਸ਼ੀਨਗੋਈ ਕੀਤੀ ਏ ।

-------------------------------------------------------------------

ਔਰਤਾਂ ਦੇ ਕ੍ਰਿਕਟ ਵਿੱਚ, ਭਾਰਤ ਨੇ ਬੀਤੀ ਰਾਤ ਨੋਟੀਘਮ ਵਿੱਚ ਪੰਜ 20-20 ਮੈਚਾਂ ਦੀ ਲੜੀ ਦੇ ਪਹਿਲੇ ਮੈਚ ਵਿੱਚ ਇੰਗਲੈਂਡ ਨੂੰ 97 ਦੌੜਾਂ ਨਾਲ ਹਰਾ ਦਿੱਤਾ ਏ । ਪਹਿਲਾਂ ਬੱਲੇਬਾਜ਼ੀ ਕਰਦਿਆਂ, ਭਾਰਤ ਨੇ ਨਿਰਧਾਰਤ 20 ਓਵਰਾਂ ਵਿੱਚ ਪੰਜ ਵਿਕਟਾਂ 'ਤੇ 210 ਦੌੜਾਂ ਬਣਾਈਆਂ। ਸਮ੍ਰਿਤੀ ਮੰਧਾਨਾ ਨੇ 62 ਗੇਂਦਾਂ ਵਿੱਚ 112 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ। ਇਹ ਮੰਧਾਨਾ ਦਾ 20-20 ਮੈਚਾਂ ਵਿੱਚ ਪਹਿਲਾ ਸੈਂਕੜਾ ਏ। ਜਵਾਬ ਵਿੱਚ, ਇੰਗਲੈਂਡ ਦੀ ਪੂਰੀ ਟੀਮ, 14 ਓਵਰਾਂ ਅਤੇ ਪੰਜ ਗੇਂਦਾਂ ਵਿੱਚ, 113 ਦੌੜਾਂ ਬਣਾ ਕੇ ਆਊਟ ਹੋ ਗਈ।